ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਮੋਗਾ

# ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਬਾਰੇ ਅਧਿਕਾਰੀ ਆਮ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਨ-ਏ.ਕੇ.ਸਿਨਹਾ

- **ਜ਼ਿਲ੍ਹੇ ਦੇ ਅਧਿਕਾਰੀਆਂ ਅਤੇ ਪਬਲਿਕ ਦੇ ਨੁਮਾਇੰਦਿਆਂ ਨਾਲ ਕੀਤੀ ਮੀਟਿੰਗ**
- **ਪਿੰਡਾਂ ਦਾ ਦੌਰਾ ਕਰਕੇ ਲੋਕ ਭਲਾਈ ਸਕੀਮਾਂ ਸਬੰਧੀ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ**
- **ਸਵੱਛ-ਭਾਰਤ ਮਿਸ਼ਨ ਅਧੀਨ ਪਖਾਨੇ ਬਣਾਉਣ ਲਈ 249 ਗ੍ਰਾਮ ਪੰਚਾਇਤਾਂ ਨੂੰ 7.31 ਕਰੋੜ ਰੁਪਏ ਜ਼ਾਰੀ-ਡਿਪਟੀ ਕਮਿਸ਼ਨਰ**

ਮੋਗਾ 9 ਜੁਲਾਈ:

ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਬਾਰੇ ਅਧਿਕਾਰੀ ਆਮ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਨ ਤਾਂ ਜੋ ਇੰਨ੍ਹਾਂ ਸਕੀਮਾਂ ਤੋਂ ਹੇਠਲੇ ਪੱਧਰ ਤੱਕ ਲੋਕ ਲਾਭ ਉਠਾ ਸਕਣ।

ਇਹ ਪ੍ਰੇਰਣਾ ਸਕੱਤਰ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪੰਜਾਬ ਸ਼੍ਰੀ ਏ.ਕੇ.ਸਿਨਹਾ ਆਈ. ਏ. ਐਸ ਨੇ ਜ਼ਿਲ੍ਹੇ ਦੇ ਅਧਿਕਾਰੀਆਂ ਅਤੇ ਪਬਲਿਕ ਦੇ ਨੁਮਾਇੰਦਿਆਂ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਦਿੱਤੀ।ਇਸ ਮੌਕੇ ਉਨ੍ਹਾਂ ਨਾਲ ਵਿਧਾਇਕ ਮਹੇਸ਼ਇੰਦਰ ਸਿੰਘ, ਡਿਪਟੀ ਕਮਿਸ਼ਨਰ ਮੋਗਾ ਕੁਲਦੀਪ ਸਿੰਘ ਵੈਦ, ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਤੇ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਤੀਰਥ ਸਿੰਘ ਮਾਹਲਾ, ਮੇਅਰ ਅਕਸ਼ਿਤ ਜੈਨ, ਚੇਅਰਪਰਸਨ ਜਿਲ੍ਹਾ ਪ੍ਰੀਸ਼ਦ ਬੀਬੀ ਅਮਰਜੀਤ ਕੌਰ ਸਾਹੋਕੇ, ਸੀਨੀਅਰ ਡਿਪਟੀ ਮੇਅਰ ਅਨਿਲ ਬਾਂਸਲ ਅਤੇ ਡਾਇਰੈਕਟਰ ਸੈਨੀਟੇਸ਼ਨ ਮੁਹੰਮਦ ਇਸਫਾਕ ਵੀ ਹਾਜ਼ਰ ਸਨ।

ਸ਼੍ਰੀ ਸਿਨਹਾ ਨੇ ਦੱਸਿਆ ਕਿ ਉਨ੍ਹਾਂ ਦੇ ਦੌਰੇ ਦਾ ਮਕਸਦ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਭਲਾਈ ਸਕੀਮਾਂ ਬਾਰੇ ਲੋਕਾਂ ਕੋਲੋਂ ਜਾਣਕਾਰੀ ਪ੍ਰਾਪਤ ਕਰਨਾ ਹੈ, ਤਾਂ ਜੋ ਲੋਕਾਂ ਨੂੰ ਇੰਨ੍ਹਾਂ ਸਕੀਮਾਂ ਦਾ ਹੇਠਲੇ ਪੱਧਰ ਤੱਕ ਲਾਭ ਮਿਲ ਸਕੇ ਅਤੇ ਉਨ੍ਹਾਂ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ।ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਵੱਲੋਂ 'ਸਵੱਛ ਭਾਰਤ ਮਿਸ਼ਨ' (ਗ੍ਰਾਮੀਣ) ਪ੍ਰੋਗਰਾਮ ਲਾਗੂ ਕੀਤਾ ਗਿਆ ਹੈ, ਜਿਸ ਤਹਿਤ ਸਵੱਛਤਾ ਦੀਆਂ ਹੋਰ ਗਤੀਵਿਧੀਆਂ ਤੋਂ ਇਲਾਵਾ ਪਿੰਡਾਂ ਵਿੱਚ ਪਖਾਨੇ ਬਣਾਏ ਜਾਣ ਦੀ ਯੋਜਨਾ ਵੀ ਉਲੀਕੀ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਯੋਜਨਾ ਤਹਿਤ ਪਖਾਨੇ ਬਣਾਉਣ ਦਾ ਕੰਮ ਜ਼ਿਲ੍ਹੇ ਦੇ ਸਾਰੇ ਪਿੰਡ ਕਵਰ ਕਰਨ ਦਾ ਟੀਚਾ ਹੈ।ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਕਿਹਾ ਕਿ ਪਿੰਡਾਂ ਦੇ ਲੋਕਾਂ ਨੂੰ ਖੁੱਲੇ ਵਿੱਚ ਪਖਾਨਾ ਨਾ ਜਾਣ ਬਾਰੇ ਪ੍ਰੇਰਿਤ ਕੀਤਾ ਜਾਵੇ ਅਤੇ ਖੁੱਲੇ ਵਿੱਚ ਪਖਾਨਾ ਜਾਣ 'ਤੇ ਪੈਦਾ ਹੋਣ ਵਾਲੀਆਂ ਬੀਮਾਰੀਆਂ ਬਾਰੇ ਵੀ ਜਾਗਰੂਕ ਕੀਤਾ ਜਾਵੇ।

ਬ੍ਹਾਅਦ ਵਿੱਚ ਸ੍ਰੀ ਸਿਨਹਾ ਨੇ ਅਧਿਕਾਰੀਆਂ ਸਮੇਤ ਦਫ਼ਤਰ ਨਗਰ ਕੌਂਸਲ ਬਾਘਾਪੁਰਾਣਾ ਵਿਖੇ ਮੀਟਿੰਗ ਕੀਤੀ। ਇਸ ਮੌਕੇ ਨਗਰ ਕੌਂਸਲ ਪ੍ਰਧਾਨ ਬਾਲ ਕ੍ਰਿਸ਼ਨ ਬਾਲੀ ਨੇ ਸ੍ਰੀ ਸਿਨਹਾ ਨੂੰ ਜਲ ਸਪਲਾਈ, ਸੀਵਰੇਜ਼ ਅਤੇ ਹੋਰ ਸਮੱਸਿਆਵਾਂ ਬਾਰੇ ਜਾਣੂੰ ਕਰਵਾਇਆ। ਸ੍ਰੀ ਸਿਨਹਾ ਨੇ ਸਮੱਸਿਆਵਾਂ ਦੇ ਜਲਦੀ ਨਿਪਟਾਰੇ ਦਾ ਭਰੋਸਾ ਦਿਵਾਇਆ। ਇਸ ਤੋਂ ਬਾਅਦ ਪਿੰਡ ਨਾਹਲ ਖੋਟੇ ਵਿਖੇ ਆਰ.ਓ ਪਲਾਂਟ ਦਾ ਨਿਰੀਖਣ ਕੀਤਾ ਅਤੇ ਸਵੱਛ ਭਾਰਤ ਮਿਸ਼ਨ ਤਹਿਤ ਘਰਾਂ 'ਚ ਬਣਾਏ ਜਾ ਰਹੇ ਪਖਾਨਿਆਂ ਦਾ ਜ਼ਾਇਜ਼ਾ ਲਿਆ। ਪਿੰਡ ਬੁੱਘੀਪੁਰਾ ਅਤੇ ਪਿੰਡ ਫ਼ਤਹਿਗੜ੍ਹ ਕੋਰੋਟਾਨਾ ਵਿਖੇ ਪਿੰਡ ਵਾਸੀਆਂ ਨਾਲ ਪੀਣ ਵਾਲੇ ਪਾਣੀ, ਸਾਫ਼-ਸਫਾਈ, ਨੀਲੇ ਕਾਰਡਾਂ ਅਤੇ ਹੋਰ ਲੋਕ ਭਲਾਂਈ ਸਕੀਮਾਂ ਸਬੰਧੀ ਪੇਸ਼ ਆ ਰਹੀਆਂ ਮੁਸ਼ਕਲਾਂ ਸੁਣੀਆਂ ਅਤੇ ਸਮੱਸਿਆਵਾਂ ਹੱਲ ਕਰਨ ਦਾ ਭਰੋਸਾ ਦਿਵਾਇਆ। ਉਨ੍ਹਾਂ ਪਿੰਡਾਂ ਦੇ ਲੋਕਾਂ ਨਾਲ ਲੋਕ ਭਲਾਈ ਸਕੀਮਾਂ ਬਾਰੇ ਵਿਚਾਰ-ਵਟਾਂਦਰਾ ਕੀਤਾ ਅਤੇ ਸਵੱਛ-ਭਾਰਤ ਮਿਸ਼ਨ ਅਧੀਨ ਪਖਾਨਿਆਂ ਦੀ ਉਸਾਰੀ ਸਬੰਧੀ ਗੱਲਬਾਤ ਵੀ ਕੀਤੀ। ਉਨ੍ਹਾਂ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਸਵੱਛ-ਭਾਰਤ ਮੁਹਿੰਮ ਸਬੰਧੀ ਜਲ-ਸਪਲਾਈ ਤੇ ਸੈਨੀਟੇਸ਼ਨ ਦੇ ਵਿਭਾਗ ਦੇ ਅਧਿਕਾਰੀਆਂ, ਕ੍ਰਮਚਾਰੀਆਂ ਅਤੇ ਸੋਮੀਡੀਆ ਦੇ ਸਟਾਫ ਨੂੰ ਹੋਰ ਵਧ-ਚੜ੍ਹ ਕੇ ਇਸ ਕੰਮ ਨੂੰ ਨੇਪਰੇ ਚਾੜ੍ਹਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਆਸ ਪ੍ਰਗਟ ਕੀਤੀ ਕਿ ਮੋਗਾ ਜਿਲ੍ਹੇ ਨੂੰ ਇਸ ਸਾਲ ਦੇ ਅੰਦਰ-ਅੰਦਰ ਖੁੱਲ੍ਹੇ ਵਿੱਚ ਪਖਾਨਾ ਮੁਕਤ ਕਰ ਦਿੱਤਾ ਜਾਵੇਗਾ।

ਇਸ ਮੌਕੇ ਡਿਪਟੀ ਕਮਿਸ਼ਨਰ ਮੋਗਾ ਸ਼੍ਰ; ਕੁਲਦੀਪ ਸਿੰਘ ਵੈਦ ਨੇ ਕਿਹਾ ਕਿ ਜਿਲ੍ਹਾ ਮੋਗਾ 'ਚ ਸਵੱਛ-ਭਾਰਤ ਮਿਸ਼ਨ ਅਧੀਨ ਪਖਾਨੇ ਬਣਾਉਣ ਲਈ 249 ਗ੍ਰਾਮ ਪੰਚਾਇਤਾਂ ਨੂੰ 7 ਕਰੋੜ 31 ਲੱਖ 35 ਹਜ਼ਾਰ ਰੁਪਏ ਪਹਿਲਾਂ ਹੀ ਜ਼ਾਰੀ ਕੀਤੇ ਜਾ ਚੁੱਕੇ ਹਨ ਅਤੇ ਲੋੜੀਂਦੇ ਬਕਾਇਆ ਫੰਡ ਜਲਦੀ ਹੀ ਜ਼ਾਰੀ ਕਰ ਦਿੱਤੇ ਜਾਣਗੇ। ਉਨ੍ਹਾਂ ਕਿਹਾ ਕਿ ਜੇਕਰ ਇਸ ਸਕੀਮ ਤਹਿਤ ਕਿਸੇ ਵਿਅਕਤੀ ਨੂੰ ਕੋਈ ਸਮੱਸਿਆ ਪੇਸ਼ ਆਉਂਦੀ ਹੈ ਤਾਂ ਉਹ ਉਨ੍ਹਾਂ ਦੇ ਧਿਆਨ ਵਿੱਚ ਲਿਆਂਦਾ ਜਾਵੇ ਤਾਂ ਜੋ ਸਮੱਸਿਆ ਦਾ ਹੱਲ ਕੀਤਾ ਜਾ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਇਸ ਮੁਹਿੰਮ ਤਹਿਤ ਵਿਭਾਗ ਦੇ ਬਿਹਤਰ ਕੰਮ ਕਰਨ ਵਾਲੇ ਕ੍ਰਮਚਾਰੀਆਂ ਨੂੰ ਜਿਲ੍ਹਾ ਪੱਧਰ ਅਤੇ ਰਾਜ ਪੱਧਰ 'ਤੇ ਸਨਮਾਨਿਤ ਕੀਤਾ ਜਾਵੇਗਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਟਰਾਸਪੋਰਟ ਅਫ਼ਸਰ ਅਨੀਤਾ ਦਰਸ਼ੀ, ਕਾਰਜਕਾਰੀ ਇੰਜੀਨੀਅਰ ਜਲ ਸਪਲਾਈ ਬਲਵੀਰ ਸਿੰਘ, ਐਸ.ਡੀ.ਐਮ ਮੋਗਾ ਸੁਰਿੰਦਰ ਕੌਰ, ਐਸ.ਡੀ.ਐਮ ਧਰਮਕੋਟ ਜਸਪਾਲ ਸਿੰਘ ਗਿੱਲ, ਐਸ.ਡੀ.ਐਮ ਨਿਹਾਲ ਸਿੰਘ ਵਾਲਾ ਸੁਖਪ੍ਰੀਤ ਸਿੰਘ ਸਿੱਧੂ, ਐਸ.ਡੀ.ਐਮ ਬਾਘਾਪੁਰਾਣਾ ਨਿਧੀ ਕਲੋਤਰਾ, ਜਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਛਤਰਪਾਲ ਸਿੰਘ ਬਰਾੜ, ਐਸ.ਜੀ.ਪੀ.ਸੀ ਮੈਬਰ ਗੁਰਮੇਲ ਸਿੰਘ ਸੰਗਤਪੁਰਾ, ਬੂਟਾ ਸਿੰਘ ਦੌਲਤਪੁਰਾ, ਸਰਕਲ ਪ੍ਰਧਾਨ ਕੁਲਦੀਪ ਸਿੰਘ ਜੋਗੇਵਾਲਾ, ਪੀ.ਏ.ਟੂ ਜਥੇਦਾਰ ਤੋਤਾ ਸਿੰਘ ਗੁਰਮਿੰਦਰਜੀਤ ਸਿੰਘ ਬੱਬਲੂ, ਜਗਜੀਤ ਸਿੰਘ ਜੌੜਾ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਸਰਪੰਚ-ਪੰਚ ਆਦਿ ਹਾਜ਼ਰ ਸਨ।

--------

ਨੰ: ਪੀ.ਆਰ(ਪ੍ਰੈ ਰੀ)2016/319

















